ਦਫਤਰ ਜਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।

(ਫੁਟਕਲ ਸ਼ਾਖਾ)

ਫੌਜ਼ਦਾਰੀ ਧਾਰਾ 144 ਅਧੀਨ ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਆਮ ਤੋਰ ਤੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ 76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਬਿਲਡਿੰਗ ਦੇ ਆਲੇ ਦੁਆਲੇ ਆਮ ਜਨਤਾ, ਰਾਜਸੀ ਪਾਰਟੀਆਂ ਅਤੇ ਕਰਮਚਾਰੀ ਸੰਗਠਨਾ ਆਦਿ ਵਲੋਂ ਰੈਲੀਆਂ ਧਰਨੇ ਕੀਤੇ ਜਾਂਦੇ ਹਨ। ਕਈ ਵਾਰ ਤਾਂ ਇਹ ਰੈਲੀਆਂ/ਧਰਨੇ ਇਸ ਬਿਲਡਿੰਗ ਦੀ ਬਾਉਂਡਰੀ ਦੇ ਅੰਦਰ ਵੀ ਕੀਤੇ ਜਾਂਦੇ ਹਨ। ਅਜਿਹਾ ਕਰਨ ਨਾਲ ਦਫ਼ਤਰ ਵਿੱਚ ਕੰਮ ਕਰਦੇ ਕਰਮਚਾਰੀਆਂ ਅਤੇ ਆਮ ਜਨਤਾ ਨੂੰ ਦਫ਼ਤਰ ਵਿੱਚ ਆਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ।ਇਸ ਤੋ ਇਲਾਵਾ ਅਜਿਹਾ ਕਰਨ ਨਾਲ ਬਿਲਡਿੰਗ ਨੂੰ ਨੁਕਸਾਨ ਵੀ ਪਹੁੰਚ ਸਕਦਾ ਹੈ, ਜਾਨੀ ਅਤੇ ਮਾਲੀ ਨੁਕਸਾਨ ਵੀ ਹੋ ਸਕਦਾ ਹੈ ਅਤੇ ਅਮਨ ਤੇ ਕਾਨੂੰਨ ਦੀ ਸਥਿੱਤੀ ਵੀ ਭੰਗ ਹੋ ਸਕਦੀ ਹੈ। ਇਸ ਸਥਿੱਤੀ ਦੇ ਮੱਦੇ ਨਜ਼ਰ ਇਨ੍ਹਾਂ ਕਾਰਵਾਈਆਂ ਨੂੰ ਰੋਕਣ ਦੀ ਜ਼ਰੂਰਤ ਹੈ।

ਇਸ ਲਈ ਮੈਂ ਗਿਰੀਸ਼ ਦਿਆਲਨ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦਾ ਹੋਇਆ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ 76, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਬਾਊਡਰੀ ਦੇ ਅੰਦਰ ਅਤੇ ਬਾਊਡਰੀ ਵਾਲ ਬਾਹਰ ਦੇ 100 ਮੀਟਰ ਦੇ ਏਰੀਏ ਤੱਕ ਧਰਨੇ/ਰੈਲੀਆਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ। ਮੈਮੋਰੰਡਮ ਵਗੈਰਾ ਦੇਣ ਲਈ ਪੰਜ ਵਿਅਕਤੀਆਂ ਤੋਂ ਘੱਟ ਗਿਣਤੀ ਵਿੱਚ ਵਿਅਕਤੀ ਇਸ ਬਾਊਡਰੀ ਦੇ ਮੇਨ ਗੇਟ ਵਿੱਚੋਂ ਲੰਘ ਕੇ ਇਸ ਦਫ਼ਤਰ ਵਿੱਚ ਆਉਣ ਤੇ ਕੋਈ ਪਾਬੰਦੀ ਨਹੀਂ ਹੋਵੇਗੀ।

ਇਹ ਹੁਕਮ ਮਿਤੀ 07-02-2020 ਤੋਂ 06-04-2020 ਤੱਕ ਉਕਤ ਦਰਸਾਏ ਸਥਾਨ ਤੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ। ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ.ਨਗਰ ਇਸ ਹੁਕਮ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ। ਇਸ ਤੋਂ ਇਲਾਵਾ ਸਬੰਧਤ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਵੀ ਇਨ੍ਹਾਂ ਹੁਕਮਾ ਦੀ ਪਾਲਣਾ ਅਤੇ promulgate ਕਰਨਾ ਯਕੀਨੀ ਬਣਾਉਣਗੇ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਢੋਲ ਵਜਾ ਕੇ, ਜ਼ਿਲ੍ਹਾ ਲੋਕ ਸੰਪਰਕ ਅਫਸਰ, ਐਸ.ਏ.ਐਸ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਰੇਡੀਉ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 07-02-2020 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਗਿਰੀਸ਼ ਦਿਆਲਨ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 2316-82 /ਐਮ.ਸੀ-1 ਮਿਤੀ: 20-2-2020

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਜ ਰੂਪਨਗਰ।
5. ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ।
6. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7. ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅੰਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
10. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
14. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
16. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
17. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
18. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
19. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕੁਪਰ, ਬਨੂੜ ਅਤੇ ਲਾਲੜੂ।
20. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
21. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
22. ਸਕੱਤਰ, ਮਾਰਕੀਟ ਕਮੇਟੀ, ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
23. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
24. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
25. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਸਹਾਇਕ ਕਮਿਸ਼ਨਰ(ਜ)
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਸੀਨੀਅਰ ਕਪਤਾਨ ਪੁਲਿਸ
ਐਸ.ਏ.ਐਸ. ਨਗਰ